ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20 PM

ਮਿਤੀ:01-10-2023

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇਸ਼ ਭਰ ਵਿੱਚ ਸਵੱਛਤਾ ਹੀ ਸੇਵਾ ਮਹਾਂ ਅਭਿਆਨ ਦੀ ਅਗਵਾਈ ਕੀਤੀ, ਦੇਸ਼ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ 6 ਲੱਖ 40 ਹਜ਼ਾਰ ਤੋਂ ਵੱਧ ਥਾਵਾਂ 'ਤੇ ਸ਼੍ਰਮਦਾਨ ਕੀਤੇ ਗਏ ।
- ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿਚ ਵੀ ਲੋਕਾਂ ਨੇ ਸੇਵਾ ਹੀ ਸਵੱਛਤਾ ਮੁਹਿੰਮ ਵਿਚ ਹੁੰਮ - ਹੁੰਮਾ ਕੇ ਹਿੱਸਾ ਲਿਆ।
- ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਅੱਜ ਤੋਂ ਸ਼ੁਰੂ ਹੋ ਗਈ ਏ, ਇਸ ਵਾਰ ਖਰੀਦ ਦਾ ਟੀਚਾ 182 ਲੱਖ ਮੀਟ੍ਰਿਕ ਟਨ ਮਿੱਥਿਆ ਗਿਆ ਏ ।
- ਏਸ਼ਿਆਈ ਖੇਡਾਂ ਵਿਚ ਅੱਜ ਭਾਰਤ ਨੇ ਸੋਨੇ ਦੇ 3 ਅਤੇ, ਚਾਂਦੀ ਅਤੇ ਕਾਂਸੇ ਦੇ ਦੋ-ਦੋ ਤਗਮੇ ਆਪਣੀ ਝੋਲੀ ਵਿੱਚ ਸ਼ਾਮਲ ਕੀਤੇ ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇਸ਼ ਭਰ ਵਿੱਚ ਸਵੱਛਤਾ ਹੀ ਸੇਵਾ ਮਹਾਂ ਅਭਿਆਨ ਦੀ ਅਗਵਾਈ ਕੀਤੀ । ਉਹ ਫਿਟਨੈਸ ਇੰਸਟ੍ਰਕਟਰ ਅੰਕਿਤ ਬੈਯਾਨਪੁਰੀਆ ਨਾਲ ਸਫਾਈ ਅਭਿਆਨ ਵਿੱਚ ਸ਼ਾਮਲ ਹੋਏ। ਪ੍ਰਧਾਨ ਮੰਤਰੀ ਮੋਦੀ ਨੇ ਅੰਕਿਤ  ਨਾਲ ਗੱਲਬਾਤ ਕੀਤੀ ਅਤੇ ਸਰੀਰਕ ਤੰਦਰੁਸਤੀ ਬਣਾਈ ਰੱਖਣ ਦੀ ਜਰੂਰਤ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਅੰਕਿਤ  ਨਾਲ ਹੋਈ ਗੱਲਬਾਤ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਏ। ਦੇਸ਼ ਭਰ ਵਿਚ ਲੋਕਾਂ ਨੇ ਸਵੱਛਤਾ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 'ਇੱਕ ਤਰੀਕ, ਇੱਕ ਘੰਟਾ ਇਕੱਠੇ' ਦੇ ਸੱਦੇ ਤੇ ਸਵੱਛਤਾ ਸੰਬੰਧੀ ਮੁਹਿੰਮ ਵਿੱਚ ਹਿੱਸਾ ਲਿਆ। ਦੇਸ਼ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ 6 ਲੱਖ 40 ਹਜ਼ਾਰ ਤੋਂ ਵੱਧ ਥਾਵਾਂ 'ਤੇ ਸ਼੍ਰਮਦਾਨ ਕੀਤੇ ਗਏ । ਕਰੀਬ ਇੱਕ ਲੱਖ ਰਿਹਾਇਸ਼ੀ ਖੇਤਰਾਂ ਵਿੱਚ ਰਿਹਾਇਸ਼ੀ ਭਲਾਈ ਕਮੇਟੀਆਂ ਨੇ ਸ਼੍ਰਮਦਾਨ ਵਿੱਚ ਹਿੱਸਾ ਲਿਆ ਜਦਕਿ ਕਰੀਬ ਇੱਕ ਲੱਖ ਰਿਹਾਇਸ਼ੀ ਇਲਾਕਿਆਂ ਵਿੱਚ ਮਜ਼ਦੂਰ ਮੁਹੱਈਆ ਕਰਵਾਉਣ ਲਈ ਐਸੋਸਿਏਸ਼ਨਾਂ ਵੀ ਅੱਗੇ ਆਈਆਂ। ਇਸ ਵਿੱਚ ਆਮ ਲੋਕਾਂ ਦੇ ਨਾਲ -

ਨਾਲ ਆਰਮੀ, ਨੇਵੀ ਅਤੇ ਏਅਰ ਫੋਰਸ, ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ, ਸੈਂਟਰਲ ਬਿਊਰੋ ਆਫ ਇਨਵੈਸਟੀਗੇਸ਼ਨ ਅਤੇ ਹੋਰ ਵਿਭਾਗਾਂ ਦੇ ਜਵਾਨਾਂ ਨੇ ਵੀ ਸਫਾਈ ਮੁਹਿੰਮ ਵਿੱਚ ਹਿੱਸਾ ਲਿਆ।

---------------------------------------------------------------

ਏਧਰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਵਿਚ ਵੀ ਸਵੱਛਤਾ ਨਾਲ ਜੁੜੀਆਂ ਗਤੀਵਿਧੀਆਂ ਵਿਚ ਵੱਡੀ ਗਿਣਤੀ ਵਿਚ ਲੋਕ ਸ਼ਾਮਲ ਹੋਏ। ਇਸ ਤੋਂ ਅਲਾਵਾ ਸਰਕਾਰੀ ਦਫ਼ਤਰਾਂ ਦੇ ਕੰਪਲੈਕਸ ਵਿੱਚ ਵੀ ਸਵੱਛਤਾ ਮੁਹਿੰਮ ਚਲਾਈ ਗਈ ਤਾਂ ਜੀ ਸਵੱਛ ਭਾਰਤ ਦੇ ਸੁਪਣੇ ਅਤੇ ਦੇਸ਼ ਨੂੰ ਰਲ ਮਿਲ ਕੇ ਕਚਰਾ ਮੁਕਤ ਕੀਤਾ ਜਾ ਸਕੇ। ਕੇਂਦਰੀ ਵਣਜ ਤੇ ਸਨਅਤ ਰਾਜ ਮੰਤਰੀ ਸੋਮ ਪ੍ਰਕਾਸ਼ ਨੇ ਲੋਕਾਂ ਨੂੰ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਹਾੜੇ ਮੌਕੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਸੁਥਰਾ ਰੱਖ ਕੇ ਸ਼ਰਧਾਂਜਲੀ ਭੇਟ ਕਰਨ ਦਾ ਸੱਦਾ ਦਿੱਤਾ ਏ। ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਲਾਜਵੰਤੀ ਸਟੇਡੀਅਮ ਵਿਖੇ ਚਲਾਈ ਗਈ ਸਵੱਛਤਾ ਮੁਹਿੰਮ ਦੌਰਾਨ ਉਨਾਂ ਕਿਹਾ ਕਿ ਸਮਾਜ ਵਿੱਚ ਸਾਰਿਆਂ ਨੂੰ ਅੱਗੇ ਆਉਣਾ ਹੋਵੇਗਾ ਅਤੇ ਇਸ ਜਨ ਅੰਦੋਲਨ ਦਾ ਹਿੱਸਾ ਬਣ ਕੇ ਸਵੱਛਤਾ ਬਣਾਈ

ਰੱਖਣ ਦਾ ਪ੍ਰਣ ਕਰਨਾ ਹੋਵੇਗਾ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਸਾਬਕਾ ਕੈਬਨਿਟ ਮੰਤਰੀ ਤੀਕਸ਼ਨ ਸੂਦ ਤੇ ਮਹਿੰਦਰ ਕੌਰ ਜੋਸ਼ ਵੀ ਮੌਜੂਦ ਰਹੇ।

------------------------------------------------------------

ਫਰੀਦਕੋਟ ਵਿਚ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਟੀਮ ਨਾਲ ਸ਼ਹਿਰ ਵਿੱਚ ਸਵੱਛਤਾ ਅਭਿਆਨ ਚਲਾਉਂਦਿਆਂ ਕਿਹਾ ਕਿ ਇਹ ਮਹਿਜ਼ ਫੋਟੋ ਤੇ ਵੀਡੀਓ ਤੱਕ ਹੀ ਮਹਿਦੂਦ ਨਹੀਂ ਰਹਿਣਾ ਚਾਹੀਦਾ ਅਤੇ ਬਾਬਾ ਫਰੀਦ ਜੀ ਦੀ ਚਰਨ ਛੋਹ ਪ੍ਰਾਪਤ ਇਸ ਧਰਤੀ ਤੇ ਆਪਾਂ ਸਾਰੇ ਹੰਭਲਾ ਮਾਰ ਕੇ ਸਾਫ਼ ਸਫ਼ਾਈ ਵਿੱਚ ਆਪਣਾ ਬਣਦਾ ਯੋਗਦਾਨ ਪਾਈਏ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਸਮੇਤ ਹੋਰਨਾਂ ਨੇ ਵੀ ਸਵੱਛਤਾ ਮੁਹਿੰਮ ਵਿੱਚ ਹਿੱਸਾ ਲਿਆ। ਏਧਰ ਸਿਵਲ ਸਰਜਨ ਡਾ. ਅਨਿਲ ਗੋਇਲ ਦੀ ਅਗਵਾਈ ਹੇਠ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸਿਵਲ ਸਰਜਨ ਦਫਤਰ, ਸਿਵਲ ਹਸਪਤਾਲ ਕੰਪਲੈਕਸ ਦੇ ਕਮਰਿਆਂ, ਓ ਪੀ ਡੀ ਵਿੰਗ,

ਵਾਰਡਾਂ ਤੇ ਪਾਰਕਾਂ, ਵਹੀਕਲ ਸਟੈਂਡ ਅਤੇ ਖੁਲੇ ਖੇਤਰ ਦੀ ਸਫਾਈ ਕੀਤੀ ।

-----------------------------------------------------------

ਬਰਨਾਲਾ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਜ਼ਿਲੇ ਦੇ ਪਿੰਡਾਂ ਤੇ ਸ਼ਹਿਰਾਂ ਦੀਆਂ ਜਨਤਕ ਥਾਵਾਂ ਅਤੇ ਸਕੂਲਾਂ ਵਿੱਚ ਸਫ਼ਾਈ ਮੁਹਿੰਮ ਰਾਹੀਂ ਲੋਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਦਾ ਹੋਕਾ ਦਿੱਤਾ ਗਿਆ । ਪੂਨਮਦੀਪ ਕੌਰ ਦੇ ਦੱਸਿਆ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਰਾਹੀਂ ਪਿੰਡਾਂ ਵਿੱਚ ਚਲਾਏ ਸਵੱਛਤਾ ਪੰਦਰਵਾੜੇ ਤਹਿਤ 122 ਪਿੰਡਾਂ ਵਿੱਚ 170 ਗਤੀਵਿਧੀਆਂ ਕੀਤੀਆਂ ਗਈਆਂ । ਇਸ ਤੋਂ ਇਲਾਵਾ ਨਗਰ ਕੌਂਸਲਾਂ ਰਾਹੀਂ ਸ਼ਹਿਰਾਂ ਵਿੱਚ ਵੱਖ ਵੱਖ ਥਾਵਾਂ 'ਤੇ ਗਤੀਵਿਧੀਆਂ ਕਰਵਾ ਕੇ ਸਵੱਛਤਾ ਦਾ ਸੁਨੇਹਾ ਦਿੱਤਾ ਗਿਆ ।

-----------------------------------------------------------

ਨਗਰ ਕੌਸਲ ਫਾਜਿਲਕਾ ਦੇ ਕਾਰਜਸਾਧਕ ਅਫ਼ਸਰ ਮੰਗਤ ਕੁਮਾਰ ਨੇ ਦੱਸਿਆ ਕਿ ਨਗਰ ਕੌਂਸਲ ਫਾਜਿਲਕਾ ਨੇ ਸ਼ਹਿਰ ਦੇ 43 ਸਥਾਨਾਂ ਤੇ

ਸਫਾਈ ਮੁਹਿੰਮ ਚਲਾਈ । ਐਸ.ਡੀ.ਐਮ ਜਲਾਲਾਬਾਦ ਰਵਿੰਦਰ ਸਿੰਘ ਅਰੋੜਾ ਵੀ ਮੁਹਿੰਮ ਦੌਰਾਨ ਮੌਜੂਦ ਰਹੇ । ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਲਾਸਟਿਕ ਦੇ ਲਿਫਾਫਿਆਂ ਤੇ ਹੋਰ ਪਲਾਸਟਿਕ ਥਰਮੋਕੋਲ ਦੀ ਥਾਂ ਤੇ ਕਪੜੇ ਦੇ ਬਣੇ ਥੈਲੀਆਂ ਦੀ ਹੀ ਵਰਤੋਂ ਕਰਨ । ਇਸੇ ਤਰ੍ਹਾਂ ਜ਼ਿਲੇ ਦੇ ਅਬੋਹਰ ਸ਼ਹਿਰ ਦੇ ਵੱਖ- ਵੱਖ ਹਿਸਿਆਂ ਵਿੱਚ ਨਗਰ ਨਿਗਮ ਦੇ ਮੁਲਾਜਮ, ਵਾਰਡ ਕਾਉਂਸਲਰ ਤੇ ਹੋਰ ਸਮਾਜ ਸੇਵੀ ਵਿਅਕਤੀਆਂ ਨੇ ਮੁਹਿੰਮ ਵਿਚ ਹਿਸਾ ਲਿਆ ਅਤੇ ਸ੍ਰਮਦਾਨ ਕਰਦੇ ਹੋਏ ਸਾਫ-ਸਫਾਈ ਕੀਤੀ ।

---------------------------------------------------------------

ਗੁਰਦਾਸਪੁਰ ਜ਼ਿਲੇ ਦੇ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਕਰਤਾਰਪੁਰ ਲਾਂਘਾ ਟਰਮੀਨਲ ਵਿੱਚ ਲੈਂਡ ਪੋਰਟ ਅਥਾਰਿਟੀ ਇੰਡੀਆ ਦੇ ਜਨਰਲ ਮੈਨੇਜਰ ਟਿੱਕਾ ਰਾਮ ਦੀ ਅਗਵਾਈ ਹੇਠ ਸਵੱਛ ਭਾਰਤ ਮੁਹਿੰਮ ਤਹਿਤ ਸਫਾਈ ਮੁਹਿੰਮ ਚਲਾਈ ਗਈ । ਬੀ ਐਸ ਐਫ, ਫੌਜ ਅਤੇ ਕਸਟਮ ਦੇ ਅਧਿਕਾਰੀ ਤੇ ਕਰਮਚਾਰੀ ਅਤੇ ਇਲਾਕੇ ਦੇ ਆਮ ਲੋਕ ਵੀ ਮੁਹਿੰਮ ਵਿਚ ਸ਼ਾਮਲ ਹੋਏ । ਟਿੱਕਾ ਰਾਮ ਨੇ ਕਿਹਾ ਕਿ ਮੁਹਿੰਮ ਤਹਿਤ 31 ਅਕਤੂਬਰ

ਤੱਕ ਡੇਰਾ ਬਾਬਾ ਨਾਨਕ ਦੇ ਵੱਖ ਵੱਖ ਇਲਾਕਿਆਂ ਵਿੱਚ ਸਫਾਈ ਕੀਤੀ ਜਾਵੇਗੀ।

-----------------------------------------------------------------

ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਵੱਖ-ਵੱਖ ਪਿੰਡਾਂ ਵਿੱਚ ਜਨਤਕ ਥਾਵਾਂ ’ਤੇ ਸਾਫ-ਸਫਾਈ ਸਬੰਧੀ ਮੁਹਿੰਮ ਚਲਾਈ ਗਈ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਪੱਧਰ ’ਤੇ ਸ਼ੋਸਲ ਸਟਾਫ ਨਿਯੁਕਤ ਕੀਤਾ ਗਿਆ ਏ ਅਤੇ ਇਹਨਾਂ ਵੱਲੋਂ ਪਿੰਡ ਵਾਸੀਆਂ ਨੂੰ ਸਾਫ-ਸਫਾਈ ਸਬੰਧੀ ਪ੍ਰੇਰਿਤ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਧਰਮਸ਼ਾਲਾ, ਪੰਚਾਇਤ ਘਰ, ਵਾਟਰ ਵਰਕਸ ਅਤੇ ਹੋਰ ਜਨਤਕ ਥਾਵਾਂ ਤੇ ਸੰਬੰਧਤ ਗ੍ਰਾਮ ਪੰਚਾਇਤ ਤੇ ਹੋਰ ਸੂਝਵਾਨ ਵਿਅਕਤੀਆਂ ਦੇ ਸਹਿਯੋਗ ਨਾਲ ਸਾਫ-ਸਫਾਈ ਕਰਵਾਈ ਜਾ ਰਹੀ ਏ।

-----------------------------------------------------------------

ਪਠਾਨਕੋਟ ਸ਼ਹਿਰ ਦੇ ਕਈ ਹਿੱਸਿਆਂ ਵਿੱਚ ਸਫਾਈ ਮੁਹਿੰਮ ਚਲਾਈ ਗਈ। ਮਿਉਂਸਿਪਲ ਕਲੋਨੀ ਵਿੱਚ ਸਿਟੀਜਨ ਅਵੇਅਰਨੈਸ ਸੋਸਾਇਟੀ

ਵੱਲੋਂ ਗਲੀਆਂ-ਨਾਲੀਆਂ ਦੀ ਸਫ਼ਾਈ ਕਰਵਾਈ ਗਈ ਅਤੇ ਲੋਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਲਈ ਵੀ ਪ੍ਰੇਰਿਤ ਕੀਤਾ ਗਿਆ। ਕਮੇਟੀ ਮੈਂਬਰਾਂ ਨੇ ਭਵਿੱਖ ਵਿਚ ਵੀ ਹਰ ਹਫ਼ਤੇ ਵਿੱਚ 2 ਘੰਟੇ ਤੱਕ ਸਫ਼ਾਈ ਮੁਹਿੰਮ ਚਲਾਉਣ ਦੀ ਸਹੁੰ ਚੁੱਕੀ।

---------------------------------------------------------

ਸੂਚਨਾ ਤੇ ਪ੍ਰਸਾਰਣ ਮੰਤਰਾਲਾ ਤਹਿਤ ਕੇਂਦਰੀ ਸੰਚਾਰ ਬਿਊਰੋ ਨੇ ਨਗਰ ਨਿਗਮ ਜਲੰਧਰ ਦੇ ਸਹਿਯੋਗ ਨਾਲ ਜਲੰਧਰ ਵਿਚ ਸ਼੍ਰੀ ਦੇਵੀ ਤਾਲਾਬ ਮੰਦਿਰ ਨਜ਼ਦੀਕ ਰੇਲਵੇ ਕਰਾਸਿੰਗ ਤੋਂ ਪਠਾਨਕੋਟ ਚੌਂਕ ਤੱਕ ਸਵੱਛਤਾ ਮੁਹਿੰਮ ਦਾ ਆਯੋਜਨ ਕੀਤਾ। ਕੰਨਿਆ ਮਹਾਂਵਿਦਿਆਲਾ ਤੇ ਦੋਆਬਾ ਕਾਲਜ ਦੇ ਐਨਐਸਐਸ ਅਤੇ ਐਨਸੀਸੀ ਕੈਡਿਟਾਂ ਨੇ ਵੀ ਮੁਹਿੰਮ ਵਿੱਚ ਵੱਧ ਚੜ ਕੇ ਹਿੱਸਾ ਲਿਆ। ਨਿਗਮ ਦੇ ਵਧੀਕ ਕਮਿਸ਼ਨਰ ਸ਼ਿਖਾ ਭਗਤ ਨੇ ਸਮੂਹ ਨਾਗਰਿਕਾਂ ਨੂੰ ਸ਼ਹਿਰ ਦੀ ਸਾਫ਼ ਸਫਾਈ ਵਿੱਚ ਨਿਗਮ ਦੀ ਮਦਦ ਕਰਨ ਦਾ ਸੱਦਾ ਦਿੱਤਾ। ਸਹਾਇਕ ਕਮਿਸ਼ਨਰ ਰਾਜੇਸ਼ ਖੋਖਰ, ਸਿਹਤ ਅਧਿਕਾਰੀ ਸ੍ਰੀਕ੍ਰਿਸ਼ਨ, ਐਨ ਐਸ ਐਸ ਦੇ ਸਹਾਇਕ ਡਾਇਰੈਕਟਰ ਜਸਪਾਲ ਸਿੰਘ ਅਤੇ ਬਿਊਰੋ ਦੇ ਫੀਲਡ ਪਬਲੀਸਿਟੀ ਅਫਸਰ ਰਾਜੇਸ਼ ਬਾਲੀ ਵੀ ਇਸ ਮੌਕੇ ਹਾਜ਼ਰ ਸਨ। ਇਸ ਦੌਰਾਨ ਦੇਵੀ ਤਾਲਾਬ ਖੇਤਰ ਦੇ 'ਸਫ਼ਾਈ ਸੈਨਿਕਾਂ' ਨੂੰ ਬਿਊਰੋ ਨੇ ਸੈਨੇਟਰੀ ਮੱਗ ਅਤੇ

ਕੈਪ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਦੇ ਨਾਲ ਹੀ ਮੌਜੂਦ ਲੋਕਾਂ ਨੂੰ ਸਵੱਛਤਾ ਦੀ ਸਹੁੰ ਚੁਕਾਈ ਗਈ ।

---------------------------------------------------------------

ਕੇਂਦਰੀ ਸੰਚਾਰ ਬਿਊਰੋ ਦੇ ਅੰਮ੍ਰਿਤਸਰ ਯੂਨਿਟ ਨੇ ਐਨ.ਸੀ.ਸੀ. ਦੀ ਫਰਸਟ ਪੰਜਾਬ ਬਟਾਲੀਅਨ ਦੇ ਸਹਿਯੋਗ ਨਾਲ ਵਾਰ ਮੈਮੋਰੀਅਲ ਵਿੱਚ ਸਵੱਛ ਭਾਰਤ ਮੁਹਿੰਮ ਦਾ ਸੁਨੇਹਾ ਦਿੰਦਿਆਂ ਵੱਡੇ ਪੱਧਰ ਤੇ ਸ਼ਹਿਰ ਵਿੱਚ ਸ਼੍ਰਮਦਾਨ ਮੁਹਿੰਮ ਵਿੱਢੀ। ਇਸ ਮੌਕੇ ਵੱਡੀ ਗਿਣਤੀ ਵਿਚ ਪੁੱਜੇ ਨੌਜਵਾਨਾਂ ਨੇ ਸ਼੍ਰਮਦਾਨ ਤੋਂ ਪਹਿਲਾਂ ਅਪਣਾ ਆਲਾ ਦੁਆਲਾ ਸਾਫ ਰੱਖਣ ਸਬੰਧੀ ਸਹੁੰ ਚੁੱਕੀ। ਸੂਬੇਦਾਰ ਗੁਰਨਾਮ ਸਿੰਘ ਨੇ ਕਿਹਾ ਕਿ ਧਰਮ ਗ੍ਰੰਥਾਂ ਵਿੱਚ ਪਵਨ, ਪਾਣੀ ਅਤੇ ਧਰਤੀ ਦੀ ਮਹੱਤਤਾ ਦਾ ਜ਼ਿਕਰ ਕੀਤਾ ਗਿਆ ਏ, ਇਸ ਲਈ ਇੱਕ ਚੰਗੇ ਨਾਗਰਿਕ ਹੋਣ ਦਾ ਸਬੂਤ ਦਿੰਦਿਆਂ ਸਵੱਛਤਾ ਬਾਰੇ ਪਹਿਲ ਕਰਨ ਦੀ ਸਾਰਿਆਂ ਨੂੰ ਜਰੂਰਤ ਏ । ਐਨ.ਸੀ.ਸੀ. ਅਫ਼ਸਰ ਸੁਖਪਾਲ ਸਿੰਘ ਸੰਧੂ ਅਤੇ ਐੱਫ.ਪੀ.ੳ. ਗੁਰਮੀਤ ਸਿੰਘ ਸਮੇਤ ਕਈ ਹੋਰ ਪਤਵੰਤੇ ਇਸ ਮੌਕੇ ਹਾਜ਼ਰ ਸਨ।

---------------------------------------------------------------

ਮੋਹਾਲੀ ਜ਼ਿਲੇ ਵਿੱਚ ਵੱਖ-ਵੱਖ ਬੈਂਕਾਂ ਨੇ ਮੈਗਾ ਸਫਾਈ ਮੁਹਿੰਮ ਦਾ

ਆਯੋਜਨ ਸੁਚੱਜੇ ਢੰਗ ਨਾਲ ਕੀਤਾ। ਲੀਡ ਜ਼ਿਲ੍ਹਾ ਮੈਨੇਜਰ ਐਮ ਕੇ ਭਾਰਦਵਾਜ ਨੇ ਦੱਸਿਆ ਕਿ ਟੀਮ ਐਸ ਬੀ ਆਈ ਨੇ ਜ਼ੀਰਕਪੁਰ ਇਲਾਕੇ ਵਿਚ ਜੈਪੁਰੀਆ ਗ੍ਰੀਨ ਸੋਸਾਇਟੀ ਵਿਖੇ ਆਪਣੀਆਂ ਸਾਰੀਆਂ ਨੇੜਲੀਆਂ ਬ੍ਰਾਂਚਾਂ ਦੇ ਸਹਿਯੋਗ ਨਾਲ ਸਮਾਗਮ ਦਾ ਆਯੋਜਨ ਕੀਤਾ। ਲੋਕਾਂ ਨੂੰ ਰੋਜ਼ਾਨਾ ਜੀਵਨ ਵਿੱਚ ਸਫਾਈ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਭਾਰਤੀ ਸਟੇਟ ਬੈਂਕ ਮੋਹਾਲੀ ਦੇ ਡੀ ਜੀ ਐਮ ਅਰੁਣਾ ਠਾਕੁਰ ਅਤੇ ਖੇਤਰੀ ਮੈਨੇਜਰ ਰੋਹਿਤ ਕੱਕੜ ਵੀ ਇਸ ਮੌਕੇ ਮੌਜੂਦ ਰਹੇ। ਇਸੇ ਤਰ੍ਹਾਂ ਟੀਮ ਪੀ.ਐਨ.ਬੀ ਨੇ ਵੀ ਆਪਣੇ ਬ੍ਰਾਂਚ ਮੁਖੀਆਂ ਅਤੇ ਸਟਾਫ਼ ਮੈਂਬਰਾਂ ਨਾਲ ਲਾਲੜੂ ਚੰਡੀਗੜ੍ਹ ਰੋਡ ਵਾਲੇ ਪਾਸੇ ਸਮਾਗਮ ਦਾ ਆਯੋਜਨ ਕੀਤਾ।

---------------------------------------------------

ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਨੂੰ ਕੂੜਾ ਕਰਕਟ ਮੁਕਤ ਬਣਾਉਣ ਲਈ ਸ਼ੁਰੂ ਮੁਹਿੰਮ "ਅਡਾਪਟ-ਏ-ਸਪਾਟ: ਆਸ ਇਕ ਸਾਫ਼ ਫ਼ਤਹਿਗੜ੍ਹ ਸਾਹਿਬ ਲਈ" ਤਹਿਤ ਜ਼ਿਲ੍ਹੇ ਵਿਚੋਂ ਲੰਘਣ ਵਾਲੇ ਸਮੂਹ ਕੌਮੀ ਸ਼ਾਹ ਮਾਰਗਾਂ ਦੀ ਸਾਫ ਸਫਾਈ ਲਈ ਸਨਅਤਕਾਰਾਂ ਤੋਂ ਸਹਿਯੋਗ ਲਿਆ ਜਾਵੇਗਾ ਅਤੇ ਜ਼ਿਲ੍ਹੇ ਨਾਲ ਸਬੰਧਤ ਸਨਅਤਕਾਰਾਂ ਨੂੰ ਇਸ ਕੰਮ ਵਿੱਚ ਪ੍ਰਸ਼ਾਸ਼ਨ ਦਾ ਸਹਿਯੋਗ ਕਰਨਾ ਚਾਹੀਦਾ ਏ। ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ

ਨੇ ਚੁੰਨੀ ਕਲਾਂ ਵਿਖੇ ਇਸ ਮੁਹਿੰਮ ਦੀ ਸ਼ੁਰੂਆਤ ਕਰਵਾਉਣ ਮੌਕੇ ਇਹ ਗੱਲ ਆਖੀ। ਉਨ੍ਹਾਂ ਕਿਹਾ ਕਿ ਆਮ ਤੌਰ ਤੇ ਸ਼ਹਿਰਾਂ ਅੰਦਰ ਨਗਰ ਕੌਂਸਲਾਂ ਤੇ ਪਿੰਡਾਂ ਦੀਆਂ ਪੰਚਾਇਤਾਂ ਅਧੀਨ ਪੈਂਦੇ ਰਸਤਿਆਂ ਦੀ ਸਾਫ ਸਫਾਈ ਤਾਂ ਕਰਵਾ ਦਿੱਤੀ ਜਾਂਦੀ ਏ ਪਰ ਨੈਸ਼ਨਲ ਹਾਈਵੇਅ ਜਿਹੜੇ ਕਿ ਇਨ੍ਹਾਂ ਸੰਸਥਾਵਾਂ ਅਧੀਨ ਨਹੀਂ ਆਉਂਦੇ, ਦੀ ਸਫਾਈ ਨਹੀਂ ਕਰਵਾਈ ਜਾਂਦੀ ਜਿਸ ਕਾਰਨ ਇਨ੍ਹਾਂ ਸੜਕਾਂ ਤੇ ਕੂੜਾ ਕਰਕਟ ਫੈਲਣ ਨਾਲ ਜਿਥੇ ਬਿਮਾਰੀਆਂ ਫੈਲਣ ਦਾ ਖ਼ਤਰਾ ਰਹਿੰਦਾ। ਉਨ੍ਹਾਂ ਕਿਹਾ ਕਿ ਇਸ ਲਈ ਹੀ ਪ੍ਰਸ਼ਾਸ਼ਨ ਨੇ ਇਹ ਮੁਹਿੰਮ ਸ਼ੁਰੂ ਕੀਤੀ ਏ।

-------------------------------------------------------------

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਅੱਜ ਤੋਂ ਸ਼ੁਰੂ ਹੋ ਗਈ ਏ ਅਤੇ ਇਸ ਵਾਰ ਖਰੀਦ ਦਾ ਟੀਚਾ 182 ਲੱਖ ਮੀਟ੍ਰਿਕ ਟਨ ਮਿੱਥਿਆ ਗਿਆ ਏ। ਭਾਰਤੀ ਰਿਜ਼ਰਵ ਬੈਂਕ ਨੇ ਝੋਨੇ ਦੇ ਖਰੀਦ ਸੀਜ਼ਨ ਲਈ 37 ਹਜ਼ਾਰ 625 ਕਰੋੜ 68 ਲੱਖ ਰੁਪਏ ਦੀ ਨਕਦ ਕਰਜ਼ਾ ਹੱਦ ਸੀ.ਸੀ.ਐੱਲ. ਨੂੰ ਪ੍ਰਵਾਨਗੀ ਦਿੱਤੀ ਏ। ਸਰਕਾਰ ਨੇ ਮੰਡੀਆਂ ਵਿਚ ਫਸਲ ਵੇਚਣ ਲਈ ਆਉਣ ਵਾਲੇ ਕਰੀਬ 8 ਲੱਖ ਤੋਂ ਵੱਧ ਕਿਸਾਨਾਂ ਲਈ

ਸੁਖਾਵਾਂ ਮਾਹੌਲ ਯਕੀਨੀ ਬਣਾਉਣ ਲਈ ਕਈ ਕਦਮ ਚੁਕੇ ਨੇ ਅਤੇ ਕੁੱਲ ਇਕ ਹਜ਼ਾਰ 806 ਮੰਡੀਆਂ ਸਥਾਪਤ ਕੀਤੀਆਂ ਗਈਆਂ ਨੇ। ਕਿਸਾਨਾਂ ਦੇ ਖਾਤਿਆਂ ਵਿੱਚ ਝੋਨੇ ਦੀ ਸਿੱਧੀ ਅਦਾਇਗੀ ਯਕੀਨੀ ਬਣਾਈ ਜਾਵੇਗੀ ਅਤੇ ਬਾਰਦਾਨੇ ਦਾ ਢੁਕਵੀਂ ਗਿਣਤੀ ਵਿੱਚ ਪ੍ਰਬੰਧ ਕੀਤਾ ਗਿਆ ਏ।

---------------------------------------------------------------

ਚੀਨ ਦੇ ਹਾਂਗਜ਼ੂ ਵਿੱਚ ਚੱਲ ਰਹੀਆਂ ਏਸ਼ਿਆਈ ਖੇਡਾਂ ਦੇ ਅੱਜ ਅੱਠਵੇਂ ਦਿਨ ਭਾਰਤ ਨੇ ਸੋਨੇ ਦੇ ਤਿੰਨ ਅਤੇ ਚਾਂਦੀ ਤੇ ਕਾਂਸੇ ਦੇ ਦੋ-ਦੋ ਤਗਮੇ ਆਪਣੀ ਝੋਲੀ ਵਿੱਚ ਸ਼ਾਮਲ ਕੀਤੇ। ਮਰਦਾਂ ਦੀ ਟਰੈਪ ਟੀਮ ਸ਼ੂਟਿੰਗ ਈਵੈਂਟ ਵਿੱਚ ਭਾਰਤ ਨੇ ਸੋਨ ਤਗਮਾ ਜਿਤਿਆ। ਯੁਵਾ ਅਥਲੀਟ ਅਵਿਨਾਸ਼ ਸਾਬਲੇ ਨੇ 3000 ਮੀਟਰ ਸਟੇਪਲ ਚੇਜ ਇਵੈਂਟ ਵਿਚ ਗੇਮ੍ਸ ਰਿਕਾਰਡ ਨਾਲ ਸੋਨੇ ਦਾ ਤਗਮਾ ਜਿਤਿਆ। ਗੋਲਾ ਸੁੱਟਣ ਵਿਚ ਤੇਜਿੰਦਰ ਸਿੰਘ ਤੂਰ ਨੇ ਸੋਨੇ ਦਾ ਤਗਮਾ ਹਾਸਲ ਕੀਤਾ। ਭਾਰਤ ਨੇ ਹੁਣ ਤੱਕ 13 ਸੋਨ, 16 ਚਾਂਦੀ ਅਤੇ 16 ਕਾਂਸੀ ਦੇ ਤਗਮਿਆਂ ਨਾਲ ਕੁੱਲ 45 ਤਗਮੇ ਹਾਸਲ ਕੀਤੇ ਨੇ ਅਤੇ ਤਗਮਾ ਸੂਚੀ ਵਿਚ ਚੌਥੇ ਸਥਾਨ 'ਤੇ ਏ।